ਮਾਝ ਮਹਲਾ ੫ ॥ ਅਨਹਦੁ ਵਾਜੈ ਸਹਜਿ ਸੁਹੇਲਾ ॥ ਸਬਦਿ ਅਨੰਦ ਕਰੇ ਸਦ ਕੇਲਾ ॥ ਸਹਜ ਗੁਫਾ ਮਹਿ ਤਾੜੀ ਲਾਈ ਆਸਣੁ ਊਚ ਸਵਾਰਿਆ ਜੀਉ ॥੧॥ ਫਿਰਿ ਘਿਰਿ ਅਪੁਨੇ ਗ੍ਰਿਹ ਮਹਿ ਆਇਆ ॥ ਜੋ ਲੋੜੀਦਾ ਸੋਈ ਪਾਇਆ ॥ ਤ੍ਰਿਪਤਿ ਅਘਾਇ ਰਹਿਆ ਹੈ ਸੰਤਹੁ ਗੁਰਿ ਅਨਭਉ ਪੁਰਖੁ ਦਿਖਾਰਿਆ ਜੀਉ ॥ ੨॥ ਆਪੇ ਰਾਜਨੁ ਆਪੇ ਲੋਗਾ ॥ ਆਪਿ ਨਿਰਬਾਣੀ ਆਪੇ ਭੋਗਾ ॥ ਆਪੇ ਤਖਤਿ ਬਹੈ ਸਚੁ ਨਿਆਈ ਸਭ ਚੂਕੀ ਕੂਕ ਪੁਕਾਰਿਆ ਜੀਉ ॥੩॥ ਜੇਹਾ ਡਿਠਾ ਮੈ ਤੇਹੋ ਕਹਿਆ ॥ ਤਿਸੁ ਰਸੁ ਆਇਆ ਜਿਨਿ ਭੇਦੁ ਲਹਿਆ ॥ ਜੋਤੀ ਜੋਤਿ ਮਿਲੀ ਸੁਖੁ ਪਾਇਆ ਜਨ ਨਾਨਕ ਇਕੁ ਪਸਾਰਿਆ ਜੀਉ ॥੪॥੩॥੧੦॥ {ਪੰਨਾ 97}

ਪਦਅਰਥ:- ਅਨਹਦੁ—{Anwhq—Not produced by beating (as sound)} ਉਹ ਆਵਾਜ਼ ਜੋ ਕੋਈ ਸਾਜ ਵਜਾਏ ਤੋਂ ਬਿਨਾ ਹੀ ਪੈਦਾ ਹੋ ਰਹੀ ਹੋਵੇ, ਇਕ-ਰਸ ਸ਼ਬਦ। ਸਹਜਿ—ਆਤਮਕ ਅਡੋਲਤਾ ਵਿਚ। ਸੁਹੇਲਾ—ਸੁਖਦਾਈ। ਸਬਦਿ—ਸਬਦ ਦੀ ਰਾਹੀਂ। ਸਦ—ਸਦਾ। ਕੇਲ—{kyil:} ਖੇਲ, ਆਨੰਦ। ਸਹਜ ਗੁਫਾ—ਆਤਮਕ ਅਡੋਲਤਾ ਦੀ ਗੁਫਾ। ਤਾੜੀ—ਸਮਾਧੀ।1।

ਫਿਰਿ ਘਿਰਿ—ਮੁੜ-ਘਿੜ। ਗ੍ਰਿਹ ਮਹਿ—ਹਿਰਦੇ-ਘਰ ਵਿਚ। ਅਘਾਇ ਰਹਿਆ—ਰੱਜਿਆ ਹੋਇਆ ਹੈ। ਸੰਤਹੁ—ਹੇ ਸੰਤ ਜਨੋ! ਗੁਰਿ—ਗੁਰੂ ਨੇ। ਅਨਭਉ—{AnuBv} ਆਤਮਕ ਚਾਨਣ। ਪੁਰਖੁ—ਸਰਬ-ਵਿਆਪਕ ਪ੍ਰਭੂ।2।

ਰਾਜਨੁ—ਪਾਤਿਸ਼ਾਹ। ਨਿਰਬਾਣੀ—{invwLx} ਵਾਸਨਾ-ਰਹਿਤ। ਤਖਤਿ—ਤਖ਼ਤ ਉੱਤੇ। ਸਚੁ—ਸਦਾ-ਥਿਰ ਰਹਿਣ ਵਾਲਾ। ਨਿਆਈ—ਨਿਆਂ ਕਰਨ ਵਾਲਾ।3।

ਤਿਸੁ—ਉਸ ਮਨੁੱਖ ਨੂੰ। ਜਿਨਿ—ਜਿਸ (ਮਨੁੱਖ) ਨੇ। ਲਹਿਆ—ਲੱਭ ਲਿਆ। ਇਕੁ—ਪਰਮਾਤਮਾ ਹੀ। ਪਸਾਰਿਆ—ਵਿਆਪ ਰਿਹਾ ਹੈ।4।

ਅਰਥ:- (ਗੁਰੂ ਦੀ ਕਿਰਪਾ ਨਾਲ ਮੇਰੇ ਅੰਦਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ) ਇਕ-ਰਸ ਵਾਜਾ ਵੱਜ ਰਿਹਾ ਹੈ, (ਮੇਰਾ ਮਨ) ਆਤਮਕ ਅਡੋਲਤਾ ਵਿਚ ਟਿਕ ਕੇ ਸੁਖੀ ਹੋ ਰਿਹਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਸਦਾ ਆਨੰਦ ਤੇ ਰੰਗ ਮਾਣ ਰਿਹਾ ਹੈ।

(ਸਤਿਗੁਰੂ ਦੀ ਮਿਹਰ ਨਾਲ ਮੈਂ) ਆਤਮਕ ਅਡੋਲਤਾ-ਰੂਪ ਗੁਫਾ ਵਿਚ ਸਮਾਧੀ ਲਾਈ ਹੋਈ ਹੈ ਤੇ ਸਭ ਤੋਂ ਉੱਚੇ ਅਕਾਲ ਪੁਰਖ ਦੇ ਚਰਨਾਂ ਵਿਚ ਸੋਹਣਾ ਟਿਕਾਣਾ ਬਣਾ ਲਿਆ ਹੈ।1।

ਹੇ ਸੰਤ ਜਨੋ! ਗੁਰੂ ਨੇ (ਮੈਨੂੰ) ਆਤਮਕ ਚਾਨਣ (ਦੇ ਕੇ) ਸਭ ਵਿਚ ਵਿਆਪਕ ਪਰਮਾਤਮਾ ਦਾ ਦਰਸਨ ਕਰਾ ਦਿੱਤਾ ਹੈ, ਹੁਣ (ਮੇਰਾ ਮਨ) ਮੁੜ ਘਿੜ ਅੰਤਰ ਆਤਮੇ ਆ ਟਿਕਦਾ ਹੈ ਜੇਹੜੀ (ਆਤਮਕ ਸ਼ਾਂਤੀ) ਮੈਨੂੰ ਚਾਹੀਦੀ ਸੀ ਉਹ ਮੈਂ ਹਾਸਲ ਕਰ ਲਈ ਹੈ, ਤੇ (ਮੇਰਾ ਮਨ ਦੁਨੀਆ ਦੀਆਂ ਵਾਸਨਾਂ ਵਲੋਂ) ਪੂਰਨ ਤੌਰ ਤੇ ਰੱਜ ਚੁਕਾ ਹੈ।2।

(ਗੁਰੂ ਦੀ ਕਿਰਪਾ ਨਾਲ ਮੈਨੂੰ ਦਿੱਸ ਪਿਆ ਹੈ ਕਿ) ਪ੍ਰਭੂ ਆਪ ਹੀ ਪਾਤਿਸ਼ਾਹ ਹੈ ਤੇ ਆਪ ਹੀ ਪਰਜਾ-ਰੂਪ ਹੈ। ਪ੍ਰਭੂ-ਵਾਸਨਾ ਰਹਿਤ ਭੀ ਹੈ ਤੇ (ਸਭ ਜੀਵਾਂ ਵਿਚ ਵਿਆਪਕ ਹੋਣ ਕਰਕੇ) ਆਪ ਹੀ ਸਾਰੇ ਪਦਾਰਥ ਭੋਗ ਰਿਹਾ ਹੈ। ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਆਪ ਹੀ ਤਖ਼ਤ ਉਤੇ ਬੈਠਾ ਹੋਇਆ ਹੈ ਤੇ ਨਿਆਂ ਕਰ ਰਿਹਾ ਹੈ (ਇਸ ਵਾਸਤੇ ਸੁਖ ਆਵੇ ਚਾਹੇ ਦੁੱਖ ਵਾਪਰੇ, ਮੇਰੀ) ਸਾਰੀ ਗਿਲ੍ਹਾ-ਗੁਜ਼ਾਰੀ ਮੁੱਕ ਚੁਕੀ ਹੈ।3।

(ਗੁਰੂ ਦੀ ਮਿਹਰ ਨਾਲ) ਮੈਂ ਪਰਮਾਤਮਾ ਨੂੰ ਜਿਸ (ਸਰਬ-ਵਿਆਪਕ) ਰੂਪ ਵਿਚ ਵੇਖਿਆ ਹੈ ਉਹੋ ਜਿਹਾ ਕਹਿ ਦਿੱਤਾ ਹੈ। ਜਿਸ ਮਨੁੱਖ ਨੇ ਇਹ ਭੇਦ ਲੱਭ ਲਿਆ ਹੈ ਉਸ ਨੂੰ (ਉਸ ਦੇ ਮਿਲਾਪ ਦਾ) ਆਨੰਦ ਆਉਂਦਾ ਹੈ। ਹੇ

ਨਾਨਕ! ਉਸ ਮਨੁੱਖ ਦੀ ਸੁਰਤਿ ਪ੍ਰਭੂ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ, ਉਸ ਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ, ਉਸ ਨੂੰ ਸਿਰਫ਼ ਪਰਮਾਤਮਾ ਹੀ ਸਾਰੇ ਜਗਤ ਵਿਚ ਵਿਆਪਕ ਦਿੱਸਦਾ ਹੈ।4।3।10।